# Official Spokesperson's response to media queries on recent developments in Kazakhstan

January 10, 2022

---

## ਕਜ਼ਾਕਿਸਤਾਨ ਵਿੱਚ ਵਾਪਰੀਆਂ ਹਾਲੀਆ ਘਟਨਾਵਾਂ ਬਾਰੇ ਮੀਡੀਆ ਦੇ ਸਵਾਲਾਂ ਦਾ ਸਰਕਾਰੀ ਬੁਲਾਰੇ ਵੱਲੋਂ ਜਵਾਬ

**10 ਜਨਵਰੀ, 2022**

ਕਜ਼ਾਕਿਸਤਾਨ ਵਿੱਚ ਵਾਪਰੀਆਂ ਹਾਲੀਆ ਘਟਨਾਵਾਂ ਬਾਰੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦੇ ਹੋਏ ਸਰਕਾਰੀ ਬੁਲਾਰੇ ਸ਼੍ਰੀ ਅਰਿੰਦਮ ਬਾਗਚੀ ਨੇ ਕਿਹਾ:

"ਕਜ਼ਾਕਿਸਤਾਨ ਵਿੱਚ ਵਾਪਰੇ ਹਾਲੀਆ ਘਟਨਾਕ੍ਰਮ ਉੱਤੇ ਭਾਰਤ ਨੇੜਿਓਂ ਨਜ਼ਰ ਰੱਖ ਰਿਹਾ ਹੈ। ਅਸੀਂ ਉਥੇ ਵਾਪਰੀ ਹਿੰਸਾ ਵਿੱਚ ਜਾਨਾਂ ਗੁਆਉਣ ਵਾਲੇ ਨਿਰਦੋਸ਼ ਪੀੜਤਾਂ ਦੇ ਪਰਿਵਾਰਾਂ ਪ੍ਰਤੀ ਡੂੰਘੀ ਸੰਵੇਦਨਾ ਪ੍ਰਗਟ ਕਰਦੇ ਹਾਂ। ਕਜ਼ਾਕਿਸਤਾਨ ਦਾ ਨਜ਼ਦੀਕੀ ਅਤੇ ਦੋਸਤਾਨਾ ਸਾਥੀ ਹੋਣ ਵਜੋਂ ਅਸੀਂ ਹਾਲਾਤ ਦੇ ਛੇਤੀ ਹੀ ਸਥਿਰ ਹੋਣ ਦੀ ਆਸ ਕਰਦੇ ਹਾਂ।

ਅਧਿਕਾਰੀਆਂ ਨਾਲ ਕਾਇਮ ਕੀਤੇ ਗਏ ਤਾਲਮੇਲ ਨਾਲ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਅਤੇ ਖ਼ੈਰੀਅਤ ਯਕੀਨੀ ਬਣਾਉਣ ਵਿੱਚ ਮਦਦ ਮਿਲੀ ਹੈ। ਉਨ੍ਹਾਂ ਨੂੰ ਸਥਾਨਕ ਸੁਰੱਖਿਆ ਨਿਰਦੇਸ਼ਾਂ ਦੀ ਪਾਲਣਾ ਕਰਨ ਅਤੇ ਕਿਸੇ ਵੀ ਸਹਾਇਤਾ ਲਈ ਭਾਰਤੀ ਦੂਤਾਵਾਸ ਨਾਲ ਸੰਪਰਕ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਨਵੀਂ ਦਿੱਲੀ
10 ਜਨਵਰੀ, 2022

DISCLAIMER: This is an approximate translation. The original is available in English on MEA's website and may be referred to as the official press release.